ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 1

ਕੋਰੋਨਾ ਖਿਲਾਫ ਜੰਗ ਵਿਚ ਸਹਿਯੋਗ ਦੇਣ ਵਜੋਂ ਵੇਅ ਅਹੈੱਡ ਵੈੱਲਫੇਅਰ ਸੁਸਾਇਟੀ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ 800 ਮਾਸਕ ਦਿੱਤੇ

ਫਿਰੋਜ਼ਪੁਰ 22 ਅਪ੍ਰੈਲ ( ) ਕੋਰੋਨਾ ਖਿਲਾਫ ਜੰਗ ਵਿਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਵਜੋਂ ਵੇਅ ਅਹੈੱਡ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਰਾਹੁਲ ਕੱਕੜ ਨੇ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੂੰ 800 ਮਾਸਕ ਦਿੱਤੇ। ਡਿਪਟੀ ਕਮਿਸ਼ਨਰ ਨੇ ਸੁਸਾਇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੋਰੋਨਾ ਖਿਲਾਫ ਜੰਗ ਵਿਚ ਵੇਅ ਅਹੈੱਡ ਵੈਲਫੇਅਰ ਸੁਸਾਇਟੀ ਵੱਲੋਂ ਪਹਿਲਾਂ ਹੀ ਜ਼ਰੂਰਤਮੰਦਾਂ ਨੂੰ ਰਾਸ਼ਨ ਵੰਡਿਆ ਜਾ ਰਿਹਾ ਹੈ ਅਤੇ ਅੱਜ ਉਨ੍ਹਾਂ ਵੱਲੋਂ 800 ਮਾਸਕ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿਚ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਲ ਨਾ ਆਵੇ ਇਸ ਲਈ ਜਿੱਥੇ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਕੰਮ ਕੀਤੇ ਜਾ ਰਹੇ ਹਨ ਉੱਥੇ ਹੀ ਵੱਡੇ ਪੱਧਰ ਤੇ ਸਮਾਜਸੇਵੀ ਸੰਸਥਾਵਾਂ ਦਾ ਵੀ ਪੂਰਾ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਹੀ ਕੋਰੋਨਾ ਖਿਲਾਫ ਜੰਗ ਨੂੰ ਜਿੱਤਿਆ ਜਾ ਸਕਦਾ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਪਰ ਲੋਕ ਵੀ ਸਿਹਤ ਵਿਭਾਗ ਅਤੇ ਪ੍ਰਸ਼ਾਸਨ ਵੱਲੋਂ ਜਾਰੀ ਨਿਯਮਾਂ ਦੀ ਪਾਲਨਾ ਕਰ ਕੇ ਇਸ ਲੜਾਈ ਵਿੱਚ ਆਪਣਾ ਸਹਿਯੋਗ ਦੇਣ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 2

ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਣਕ ਦੀ ਖ਼ਰੀਦ ਪ੍ਰਕ੍ਰਿਆ ਤਸੱਲੀ ਬਖ਼ਸ਼ ਢੰਗ ਨਾਲ ਜਾਰੀ

ਹੁਣ ਤੱਕ 132459 ਮੀਟਰਿਕ ਟਨ ਕਣਕ ਦੀ ਆਮਦ ਅਤੇ 111816 ਮੀਟਿੰਕ ਟਨ ਕਣਕ ਦੀ ਖ਼ਰੀਦ ਹੋਈ- ਡਿਪਟੀ ਕਮਿਸ਼ਨਰ

ਫਿਰੋਜ਼ਪੁਰ 22 ਅਪ੍ਰੈਲ 2020 ( ) ਕੋਰੋਨਾ ਵਾਇਰਸ ਤੋਂ ਬਚਾਅ ਲਈ ਸਰਕਾਰ ਵੱਲੋਂ ਦਿੱਤੀਆਂ ਹਦਾਇਤਾਂ ਮੁਤਾਬਿਕ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਣਕ ਦੀ ਖ਼ਰੀਦ ਕੀਤੀ ਜਾ ਰਹੀ ਹੈ ਅਤੇ ਸਾਰੀ ਖ਼ਰੀਦ ਪ੍ਰਕ੍ਰਿਆ ਤਸੱਲੀ ਬਖ਼ਸ਼ ਢੰਗ ਨਾਲ ਜਾਰੀ ਹੈ। ਜ਼ਿਲ੍ਹੇ ਵਿਚ ਵੱਖ ਵੱਖ ਖ਼ਰੀਦ ਏਜੰਸੀਆਂ ਵੱਲੋਂ ਹੁਣ ਤੱਕ 111816 ਮੀਟਿੰਗ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਖ਼ਰੀਦ ਕੇਂਦਰਾਂ ਵਿਚ ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਅਤੇ ਬਾਰਦਾਣੇ ਆਦਿ ਤੋਂ ਇਲਾਵਾ ਆਪਸੀ ਦੂਰੀ ਬਣਾਈ ਰੱਖਣ ਅਤੇ ਹੱਥ ਧੋਣ ਆਦਿ ਦੇ ਸੁਚੱਜੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਖ਼ਰੀਦ ਕੇਂਦਰਾਂ ਵਿਚ ਖ਼ਰੀਦ ਪ੍ਰਕਿਰਿਆ ਦੌਰਾਨ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਪ੍ਰਤੀ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨੂੰ ਜਾਗਰੂਕ ਵੀ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਮੰਡੀਆਂ ਵਿਚ 132459 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਅਤੇ 111816 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਨਗ੍ਰੇਨ ਵੱਲੋਂ 34329 ਮੀਟ੍ਰਿਕ 0 ਟਨ, ਮਾਰਕਫੈੱਡ ਵੱਲੋਂ 33405 ਮੀਟ੍ਰਿਕ ਟਨ, ਪਨਸਪ ਵੱਲੋਂ 21711 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 18928 ਮੀਟ੍ਰਿਕ ਟਨ, ਐਫ. ਸੀ. ਆਈ ਵੱਲੋਂ 3343 ਮੀਟ੍ਰਿਕ ਟਨ ਅਤੇ ਵਪਾਰੀਆਂ ਵੱਲੋਂ 100 ਮੀਟਿੰਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਨੂੰ ਮੰਡੀਆਂ ਵਿੱਚ ਪੁੱਜਦੀ ਕਣਕ ਦੀ ਤੁਰੰਤ ਖਰੀਦ ਕਰਕੇ ਚੁਕਾਈ ਵੀ ਨਾਲੋ-ਨਾਲ ਕਰਵਾਉਣ ਦੀ ਹਦਾਇਤ ਕੀਤੀ ਗਈ ਹੈ ਤਾਂ ਜੋ ਖ਼ਰੀਦ ਕੇਂਦਰਾਂ ਵਿਚ ਕੋਈ ਵੀ ਦਿੱਕਤ ਪੇਸ਼ ਆਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 2

ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਣਕ ਦੀ ਖ਼ਰੀਦ ਪ੍ਰਕ੍ਰਿਆ ਤਸੱਲੀ ਬਖ਼ਸ਼ ਢੰਗ ਨਾਲ ਜਾਰੀ

ਹੁਣ ਤੱਕ 132459 ਮੀਟਰਿਕ ਟਨ ਕਣਕ ਦੀ ਆਮਦ ਅਤੇ 111816 ਮੀਟਿੰਕ ਟਨ ਕਣਕ ਦੀ ਖ਼ਰੀਦ ਹੋਈ- ਡਿਪਟੀ ਕਮਿਸ਼ਨਰ

ਫਿਰੋਜ਼ਪੁਰ 22 ਅਪ੍ਰੈਲ 2020 ( ) ਕੋਰੋਨਾ ਵਾਇਰਸ ਤੋਂ ਬਚਾਅ ਲਈ ਸਰਕਾਰ ਵੱਲੋਂ ਦਿੱਤੀਆਂ ਹਦਾਇਤਾਂ ਮੁਤਾਬਿਕ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਣਕ ਦੀ ਖ਼ਰੀਦ ਕੀਤੀ ਜਾ ਰਹੀ ਹੈ ਅਤੇ ਸਾਰੀ ਖ਼ਰੀਦ ਪ੍ਰਕ੍ਰਿਆ ਤਸੱਲੀ ਬਖ਼ਸ਼ ਢੰਗ ਨਾਲ ਜਾਰੀ ਹੈ। ਜ਼ਿਲ੍ਹੇ ਵਿਚ ਵੱਖ ਵੱਖ ਖ਼ਰੀਦ ਏਜੰਸੀਆਂ ਵੱਲੋਂ ਹੁਣ ਤੱਕ 111816 ਮੀਟਿੰਗ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਖ਼ਰੀਦ ਕੇਂਦਰਾਂ ਵਿਚ ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਅਤੇ ਬਾਰਦਾਣੇ ਆਦਿ ਤੋਂ ਇਲਾਵਾ ਆਪਸੀ ਦੂਰੀ ਬਣਾਈ ਰੱਖਣ ਅਤੇ ਹੱਥ ਧੋਣ ਆਦਿ ਦੇ ਸੁਚੱਜੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਖ਼ਰੀਦ ਕੇਂਦਰਾਂ ਵਿਚ ਖ਼ਰੀਦ ਪ੍ਰਕਿਰਿਆ ਦੌਰਾਨ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਪ੍ਰਤੀ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨੂੰ ਜਾਗਰੂਕ ਵੀ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਮੰਡੀਆਂ ਵਿਚ 132459 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਅਤੇ 111816 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਨਗ੍ਰੇਨ ਵੱਲੋਂ 34329 ਮੀਟ੍ਰਿਕ 0 ਟਨ, ਮਾਰਕਫੈੱਡ ਵੱਲੋਂ 33405 ਮੀਟ੍ਰਿਕ ਟਨ, ਪਨਸਪ ਵੱਲੋਂ 21711 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 18928 ਮੀਟ੍ਰਿਕ ਟਨ, ਐਫ. ਸੀ. ਆਈ ਵੱਲੋਂ 3343 ਮੀਟ੍ਰਿਕ ਟਨ ਅਤੇ ਵਪਾਰੀਆਂ ਵੱਲੋਂ 100 ਮੀਟਿੰਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਨੂੰ ਮੰਡੀਆਂ ਵਿੱਚ ਪੁੱਜਦੀ ਕਣਕ ਦੀ ਤੁਰੰਤ ਖਰੀਦ ਕਰਕੇ ਚੁਕਾਈ ਵੀ ਨਾਲੋ-ਨਾਲ ਕਰਵਾਉਣ ਦੀ ਹਦਾਇਤ ਕੀਤੀ ਗਈ ਹੈ ਤਾਂ ਜੋ ਖ਼ਰੀਦ ਕੇਂਦਰਾਂ ਵਿਚ ਕੋਈ ਵੀ ਦਿੱਕਤ ਪੇਸ਼ ਆਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 2

ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਣਕ ਦੀ ਖ਼ਰੀਦ ਪ੍ਰਕ੍ਰਿਆ ਤਸੱਲੀ ਬਖ਼ਸ਼ ਢੰਗ ਨਾਲ ਜਾਰੀ

ਹੁਣ ਤੱਕ 132459 ਮੀਟਰਿਕ ਟਨ ਕਣਕ ਦੀ ਆਮਦ ਅਤੇ 111816 ਮੀਟਿੰਕ ਟਨ ਕਣਕ ਦੀ ਖ਼ਰੀਦ ਹੋਈ- ਡਿਪਟੀ ਕਮਿਸ਼ਨਰ

ਫਿਰੋਜ਼ਪੁਰ 22 ਅਪ੍ਰੈਲ 2020 ( ) ਕੋਰੋਨਾ ਵਾਇਰਸ ਤੋਂ ਬਚਾਅ ਲਈ ਸਰਕਾਰ ਵੱਲੋਂ ਦਿੱਤੀਆਂ ਹਦਾਇਤਾਂ ਮੁਤਾਬਿਕ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਣਕ ਦੀ ਖ਼ਰੀਦ ਕੀਤੀ ਜਾ ਰਹੀ ਹੈ ਅਤੇ ਸਾਰੀ ਖ਼ਰੀਦ ਪ੍ਰਕ੍ਰਿਆ ਤਸੱਲੀ ਬਖ਼ਸ਼ ਢੰਗ ਨਾਲ ਜਾਰੀ ਹੈ। ਜ਼ਿਲ੍ਹੇ ਵਿਚ ਵੱਖ ਵੱਖ ਖ਼ਰੀਦ ਏਜੰਸੀਆਂ ਵੱਲੋਂ ਹੁਣ ਤੱਕ 111816 ਮੀਟਿੰਗ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਖ਼ਰੀਦ ਕੇਂਦਰਾਂ ਵਿਚ ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਅਤੇ ਬਾਰਦਾਣੇ ਆਦਿ ਤੋਂ ਇਲਾਵਾ ਆਪਸੀ ਦੂਰੀ ਬਣਾਈ ਰੱਖਣ ਅਤੇ ਹੱਥ ਧੋਣ ਆਦਿ ਦੇ ਸੁਚੱਜੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਖ਼ਰੀਦ ਕੇਂਦਰਾਂ ਵਿਚ ਖ਼ਰੀਦ ਪ੍ਰਕਿਰਿਆ ਦੌਰਾਨ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਪ੍ਰਤੀ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨੂੰ ਜਾਗਰੂਕ ਵੀ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਮੰਡੀਆਂ ਵਿਚ 132459 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਅਤੇ 111816 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਨਗ੍ਰੇਨ ਵੱਲੋਂ 34329 ਮੀਟ੍ਰਿਕ 0 ਟਨ, ਮਾਰਕਫੈੱਡ ਵੱਲੋਂ 33405 ਮੀਟ੍ਰਿਕ ਟਨ, ਪਨਸਪ ਵੱਲੋਂ 21711 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 18928 ਮੀਟ੍ਰਿਕ ਟਨ, ਐਫ. ਸੀ. ਆਈ ਵੱਲੋਂ 3343 ਮੀਟ੍ਰਿਕ ਟਨ ਅਤੇ ਵਪਾਰੀਆਂ ਵੱਲੋਂ 100 ਮੀਟਿੰਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਨੂੰ ਮੰਡੀਆਂ ਵਿੱਚ ਪੁੱਜਦੀ ਕਣਕ ਦੀ ਤੁਰੰਤ ਖਰੀਦ ਕਰਕੇ ਚੁਕਾਈ ਵੀ ਨਾਲੋ-ਨਾਲ ਕਰਵਾਉਣ ਦੀ ਹਦਾਇਤ ਕੀਤੀ ਗਈ ਹੈ ਤਾਂ ਜੋ ਖ਼ਰੀਦ ਕੇਂਦਰਾਂ ਵਿਚ ਕੋਈ ਵੀ ਦਿੱਕਤ ਪੇਸ਼ ਆਵੇ।